ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ ਨੰ: 1

- **ਸਿਰਫ਼ ਇੱਕ ਫ਼ੋਨ ਕਾਲ ਤੇ ਡਿਪਟੀ ਕਮਿਸ਼ਨਰ ਨੇ ਗਰਭਵਤੀ ਮਹਿਲਾ ਨੂੰ ਡਲਿਵਰੀ ਲਈ ਬਠਿੰਡਾ ਲੈ ਕੇ ਜਾਣ ਦੀ ਜਾਰੀ ਕੀਤੀ ਅਨੁਮਤੀ, ਜੱਚਾ ਬੱਚਾ ਦੋਵੇਂ ਤੰਦਰੁਸਤ**
- **ਧਵਨ ਕਾਲੋਨੀ ਦੇ ਰਹਿਣ ਵਾਲੇ ਸਰਾਂ ਪਰਿਵਾਰ ਨੇ ਸਥਿਤੀ ਦੀ ਗੰਭੀਰਤਾ ਨੂੰ ਸਮਝਦੇ ਹੋਏ ਬੇਹੱਦ ਸ਼ਾਰਟ ਨੋਟਿਸ ਤੇ ਪਰਮਿਸ਼ਨ ਜਾਰੀ ਕਰਨ ਲਈ ਡਿਪਟੀ ਕਮਿਸ਼ਨਰ ਦਾ ਕੀਤਾ ਧੰਨਵਾਦ**

ਫਿਰੋਜ਼ਪੁਰ 31 ਮਾਰਚ 2020

ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰ. ਕੁਲਵੰਤ ਸਿੰਘ ਵੱਲੋਂ ਸਿਰਫ ਇੱਕ ਫ਼ੋਨ ਕਾਲ ਤੇ ਗਰਭਵਤੀ ਮਹਿਲਾ ਨੂੰ ਡਲਿਵਰੀ ਲਈ ਕਰਫ਼ਿਊ ਦੌਰਾਨ ਬਠਿੰਡਾ ਲੈ ਕੇ ਜਾਣ ਲਈ ਜਾਰੀ ਕੀਤੀ ਪਰਮਿਸ਼ਨ ਫਿਰੋਜ਼ਪੁਰ ਦੇ ਸਰਾਂ ਪਰਿਵਾਰ ਲਈ ਵਰਦਾਨ ਸਾਬਤ ਹੋਈ। ਗਰਭਵਤੀ ਮਹਿਲਾ ਨੇ ਐਤਵਾਰ ਨੂੰ ਇੱਕ ਲੜਕੇ ਨੂੰ ਜਨਮ ਦਿੱਤਾ ਅਤੇ ਜੱਚਾ ਬੱਚਾ ਦੋਵੇਂ ਪੂਰੀ ਤਰ੍ਹਾਂ ਤੰਦਰੁਸਤ ਹਨ। ਪਰਿਵਾਰ ਨੇ ਇਹ ਖ਼ੁਸ਼ੀ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨਾਲ ਸਾਂਝੀ ਕੀਤੀ ਅਤੇ ਨਵੇਂ ਜਨਮੇ ਬੱਚੇ ਦੀਆਂ ਤਸਵੀਰਾਂ ਵਟਸਐੱਪ ਤੇ ਭੇਜੀਆਂ ਤੇ ਨਾਲ ਹੀ ਮੈਸੇਜ ਕੀਤਾ ਕਿ ਧੰਨਵਾਦ ਡੀਸੀ ਸਾਹਿਬ। ਡਿਪਟੀ ਕਮਿਸ਼ਨਰ ਨੇ ਜਵਾਬ ਵਿੱਚ ਬੱਚੇ ਲਈ ਆਪਣਾ ਆਸ਼ੀਰਵਾਦ ਤੇ ਸ਼ੁੱਭਕਾਮਨਾਵਾਂ ਭੇਜੀਆਂ।

ਧਵਨ ਕਾਲੋਨੀ ਦੇ ਰਹਿਣ ਵਾਲੇ ਕੁਲਦੀਪ ਸਿੰਘ ਸਰਾਂ ਨੇ ਦੱਸਿਆ ਕਿ ਉਸ ਦੀ ਪਤਨੀ ਮਨਪ੍ਰੀਤ ਕੌਰ ਗਰਭਵਤੀ ਸੀ ਅਤੇ ਉਸ ਦਾ ਇਲਾਜ ਬਠਿੰਡਾ ਦੇ ਕਪਿਲਾ ਹਸਪਤਾਲ ਵਿੱਚ ਚੱਲ ਰਿਹਾ ਸੀ। 27 ਮਾਰਚ ਨੂੰ ਉਨ੍ਹਾਂ ਦੀ ਪਤਨੀ ਮਨਪ੍ਰੀਤ ਕੌਰ ਨੂੰ ਹਸਪਤਾਲ ਲੈ ਕੇ ਜਾਣ ਦੀ ਜ਼ਰੂਰਤ ਪਈ ਪਰ ਕਰਫ਼ਿਊ ਕਰਕੇ ਉਹ ਜਾ ਨਹੀਂ ਪਾ ਰਹੇ ਸਨ ਅਤੇ ਪਾਸ ਬਣਵਾਉਣ ਦਾ ਵੀ ਸਮੇਂ ਨਹੀਂ ਸੀ। ਇਸ ਲਈ ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਫ਼ੋਨ ਤੇ ਸਾਰੀ ਗੱਲ ਦੱਸੀ।

ਕੁਲਦੀਪ ਸਿੰਘ ਨੇ ਦੱਸਿਆ ਕਿ ਉਹ ਬੜੇ ਹੈਰਾਨ ਹੋਏ ਜਦੋਂ ਕੁੱਝ ਸਮੇਂ ਬਾਅਦ ਡਿਪਟੀ ਕਮਿਸ਼ਨਰ ਦਫ਼ਤਰ ਵੱਲੋਂ ਵਟਸਐੱਪ ਤੇ ਉਨ੍ਹਾਂ ਨੂੰ ਪਰਮਿਸ਼ਨ ਲੈਟਰ ਭੇਜੀ ਗਈ ਜੋ ਕਿ ਡਿਪਟੀ ਕਮਿਸ਼ਨਰ ਵੱਲੋਂ ਉਨ੍ਹਾਂ ਦੇ ਲੈਟਰ ਹੈੱਡ ਤੇ ਸੀ। ਇਸ ਲੈਟਰ ਵਿੱਚ ਕੁਲਦੀਪ ਸਿੰਘ ਸਮੇਤ ਉਨ੍ਹਾਂ ਦੀ ਪਤਨੀ ਤੇ ਪਿਤਾ ਨੂੰ ਬਠਿੰਡਾ ਆਉਣ ਜਾਣ ਦੀ ਪਰਮਿਸ਼ਨ ਜਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪਰਮਿਸ਼ਨ ਲੈਟਰ ਨੂੰ ਮਿਲਦਿਆਂ ਹੀ ਉਹ ਤੁਰੰਤ ਆਪਣੀ ਪਤਨੀ ਨੂੰ ਲੈ ਕੇ ਬਠਿੰਡਾ ਲਈ ਰਵਾਨਾ ਹੋਏ ਜਿੱਥੇ 28 ਮਾਰਚ ਨੂੰ ਉਨ੍ਹਾਂ ਦਾ ਇਲਾਜ ਸ਼ੁਰੂ ਹੋਇਆ। ਅਗਲੇ ਦਿਨ 29 ਮਾਰਚ ਨੂੰ ਉਨ੍ਹਾਂ ਦੀ ਪਤਨੀ ਨੇ ਇੱਕ ਲੜਕੇ ਨੂੰ ਜਨਮ ਦਿੱਤਾ ਤੇ ਜੱਚਾ-ਬੱਚਾ ਦੋਵੇਂ ਤੰਦਰੁਸਤ ਹਨ। ਕੁਲਦੀਪ ਸਿੰਘ ਨੇ ਦੱਸਿਆ ਕਿ ਇਸ ਲਈ ਉਹ ਡਿਪਟੀ ਕਮਿਸ਼ਨਰ ਦੇ ਧੰਨਵਾਦੀ ਹਨ ਜਿਨ੍ਹਾਂ ਨੇ ਥੋੜ੍ਹੇ ਸਮੇਂ ਵਿੱਚ ਉਨ੍ਹਾਂ ਨੂੰ ਪਰਮਿਸ਼ਨ ਲੈਟਰ ਜਾਰੀ ਕਰਵਾਇਆ।

ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਕਰਫ਼ਿਊ ਦੌਰਾਨ ਲੋਕਾਂ ਦੀ ਸਹਾਇਤਾ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹੋ ਜਿਹੇ ਹਾਲਾਤਾਂ ਵਿੱਚ ਲੋਕਾਂ ਤੱਕ ਮਦਦ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕ ਕਿਸੇ ਤਰ੍ਹਾਂ ਦੀ ਮੁਸ਼ਕਲ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੇ ਗਏ ਹੈਲਪਲਾਈਨ ਨੰਬਰਾਂ ਤੇ ਸੰਪਰਕ ਕਰ ਸਕਦੇ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕੋਵਿਡ-19 ਦੇ ਰਾਹਤ ਕੰਮਾਂ ਨੂੰ ਲੈ ਕੇ ਲੋਕਾਂ ਨੂੰ ਖੁੱਲ੍ਹ ਕੇ ਦਾਨ ਦੇਣ ਦੀ ਅਪੀਲ ਕੀਤੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਫ਼ਿਊ ਦੌਰਾਨ ਲੋਕਾਂ ਨੂੰ ਰਾਹਤ ਪਹੁੰਚਾਉਣ ਦਾ ਕੰਮ ਜਾਰੀ, 25 ਪ੍ਰਵਾਸੀ ਵਿਅਕਤੀਆਂ ਨੂੰ ਮੁਹੱਈਆ ਕਰਵਾਇਆ ਰਾਸ਼ਨ

ਫਿਰੋਜ਼ਪੁਰ 31 ਮਾਰਚ ( ) ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਕਰਫ਼ਿਊ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਜ਼ਰੂਰਤਮੰਦਾਂ ਤੱਕ ਰਾਹਤ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ ਹੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਗਲਵਾਰ ਨੂੰ 25 ਪ੍ਰਵਾਸੀਆਂ ਨੂੰ ਰਾਸ਼ਨ ਮੁਹੱਈਆ ਕਰਵਾਇਆ ਗਿਆ।

ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਬਿਹਾਰ ਤੋਂ ਫਿਰੋਜਪੁਰ ਵਿਖੇ ਠਹਿਰੇ ਨੌਜਵਾਨ ਅਜੀਤ ਕੁਮਾਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਸੂਚਨਾ ਦਿੱਤੀ ਗਈ ਸੀ ਕਿ 25 ਦੇ ਕਰੀਬ ਵਿਅਕਤੀ ਜੋ ਕਿ ਬਾਬਾ ਰਾਮਲਾਲ ਗੁਰਦੁਆਰੇ ਦੇ ਨੇੜ ਕਿਸੇ ਘਰ ਵਿਚ ਰਿਹ ਰਹੇ ਹਨ ਤੇ ਉਨ੍ਹਾਂ ਕੋਲ ਖਾਣ ਲਈ ਰਾਸ਼ਨ ਨਹੀਂ ਹੈ। ਸੂਚਨਾ ਮਿਲਦਿਆਂ ਹੀ ਡਿਪਟੀ ਕਮਿਸ਼ਨਰ ਨੇ ਨਾਇਬ ਤਹਿਸੀਲਦਾਰ ਸੁਖਚਰਨਜੀਤ ਸਿੰਘ  ਨੂੰ ਇਨ੍ਹਾਂ ਪ੍ਰਵਾਸੀ ਨੌਜਵਾਨਾਂ ਨੂੰ ਰਾਸ਼ਨ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਕੋਲ ਪਹੁੰਚ ਕੇ ਉਨ੍ਹਾਂ ਦੀਆਂ ਹੋਰ ਮੁਸ਼ਕਲਾਂ ਸੁਣਨ ਲਈ ਕਿਹਾ।

ਇਸ ਉਪਰੰਤ ਨਾਇਬ ਤਹਿਸੀਲਦਾਰ ਨੇ ਸਮਾਜਸੇਵੀ ਸੰਸਥਾ ਵੈਅ ਅਹੈੱਡ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਰਾਹੁਲ ਕੱਕੜ ਦੇ ਸਹਿਯੋਗ ਨਾਲ ਇਨ੍ਹਾਂ 25 ਪ੍ਰਵਾਸੀ ਨੌਜਵਾਨਾਂ ਨੂੰ ਰਾਸ਼ਨ ਮੁਹੱਈਆ ਕਰਵਾਇਆ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿਚੋਂ ਬਾਹਰ ਤੋਂ ਆ ਕੇ ਰੁਕੇ ਕਿਸੇ ਵੀ ਵਿਅਕਤੀ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸੇ ਵੀ ਸਹਾਇਤਾ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਹੈਲਪਲਾਈਨ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਉਪਰੰਤ ਪ੍ਰਵਾਸੀ ਨੌਜਵਾਨਾਂ ਨੇ  ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਮਦਦ ਕਰਨ ਲਈ ਧੰਨਵਾਦ ਕੀਤਾ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ,ਫਿਰੋਜਪੁਰ

ਪ੍ਰੈਸ ਨੋਟ ਨੰ. 4

- ਡਿਪਟੀ ਕਮਿਸ਼ਨਰ ਨੇ ਫਲ ਸਬਜ਼ੀਆਂ ਦੇ ਪਰਚੂਨ ਰੇਟ ਕੀਤੇ ਨਿਰਧਾਰਿਤ, ਮਹਿੰਗੇ ਮੁੱਲ ਵਾਸੂਲਨ ਵਾਲੀਆਂ ਦੇ ਹੋਣਗੇ ਕਰਫਿਊ ਪਾਸ ਰੱਦ
- ਕਿਹਾ, ਦੁਕਾਨਦਾਰ ਮਾਨਵਤਕਾ ਦੇ ਪ੍ਰਤੀ ਆਪਣੀ ਜਿੰਮੇਵਾਰੀ ਨੂੰ ਸਮਝਦੇ ਹੋਏ ਸਮਾਜ ਲਈ ਆਪਣਾ ਯੋਗਦਾਨ ਦੇਣ

ਫਿਰੋਜ਼ਪੁਰ 31 ਮਾਰਚ 2020 ( ) ਕਰਫਿਊ ਦੇ ਵਿਚ ਲੋਕਾਂ ਤੱਕ ਸਹੀ ਰੇਟਾਂ ਤੇ ਫੁੱਲ-ਸਬਜ਼ੀਆਂ ਪਹੁੰਚਾਉਣ ਦੀ ਪਹਿਲ ਕਰਦੇ ਹੋਏ ਡਿਪਟੀ ਕਮਿਸ਼ਨਰ ਫਿਰੋਜਪੁਰ ਸ੍ਰ.ਕੁਲਵੰਤ ਸਿੰਘ ਨੇ ਰੋਜ਼ਾਨਾ ਫਲ-ਸਬਜ਼ੀਆਂ ਦੇ ਪਰਚੂਨ ਰੇਟ ਨਿਧਾਰਿਤ ਕਰਨ ਦਾ ਫੈਸਲਾ ਕੀਤਾ ਹੈ, ਜਿਸ ਦੇ ਤਹਿਤ 31 ਮਾਰਚ ਨੂੰ ਪਰਚੂਨ (ਰਿਟੇਲ) ਫਲ ਅਤੇ ਸਬਜ਼ੀਆਂ ਦੇ ਰੇਟ ਨਿਰਧਾਰਿਤ ਕਰ ਦਿੱਤੇ ਗਏ ਹਨ। ਜਿਲ੍ਹਾ ਪ੍ਰਸ਼ਾਂਸਨ ਵੱਲੋ ਹੁਣ ਰੋਜ਼ਾਨਾ ਫਲ ਅਤੇ ਸਬਜ਼ੀਆਂ ਦੇ ਪਰਚੂਨ ਰੇਟ ਤੈਅ ਕੀਤੇ ਜਾਣਗੇ।

ਡਿਪਟੀ ਕਮਿਸ਼ਨਰ ਨੇ ਜਿਲ੍ਹੇ ਵਿਚ ਲੋਕਾਂ ਤੱਕ ਫਲ-ਸਬਜ਼ੀਆਂ ਦੀ ਸਪਲਾਈ ਕਰਨ ਵਾਲੇ ਰੇਹੜੀ ਵਾਲੀਆ ਅਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਕੋਰੋਨਾ ਵਾਇਰਸ ਨੂੰ ਲੈ ਕੇ ਪੈਦਾ ਹੋਈ ਮੌਜੂਦਾ ਸਥਿਤੀ ਨੂੰ ਮੱਦੇਨਜ਼ਰ ਰੱਖਦੇ ਹੋਏ ਉਹ ਵੀ ਮਾਨਵਤਾ ਦੀ ਸੇਵਾ ਵਿਚ ਆਪਣਾ ਯੋਗਦਾਨ ਦੇਣ ਅਤੇ ਲੋਕਾਂ ਤੋ ਫਲ-ਸਬਜ਼ੀਆਂ ਦੇ ਤੈਅ ਕੀਤੇ ਵਾਜਬ ਦਾਮ ਹੀ ਵਸੂਲਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਈ ਵੀ ਰੇਹੜੀ ਵਾਲਾ ਜਾ ਦੁਕਾਨਦਾਰ ਨਿਰਧਾਰਿਤ ਮੁੱਲ ਜਾ ਉਸ ਤੋ ਘੱਟ ਕੀਮਤ ਤੇ ਫਲ-ਸਬਜ਼ੀਆਂ ਵੇਚ ਸਕੇਗਾ, ਇਸ ਤੋ ਜ਼ਿਆਦਾ ਦਾਮ ਨਹੀ ਵਸੂਲੀਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋ ਨਿਰਧਾਰਿਤ ਕੀਤੇ ਗਏ ਰੇਟਾਂ ਤੋ ਜ਼ਿਆਦਾ ਕੀਮਤ ਵਸੂਲਣ ਵਾਲੀਆਂ ਦੇ ਖਿਲਾਫ ਕੜੀ ਕਾਰਵਾਈ ਕੀਤੀ ਜਾਵੇਗੀ, ਨਾਲ ਹੀ ਫਲ-ਸਬਜ਼ੀਆ ਸਪਲਾਈ ਕਰਨ ਲਈ ਬਣਾਈਆ ਗਿਆ ਉਨ੍ਹਾਂ ਦਾ ਕਰਫਿਊ ਪਾਸ ਵੀ ਰੱਦ ਕਰ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸਾਰੇ ਪਰਚੂਨ ਦੇ ਵਿਕਰੇਤਾ ਤੱਕ ਰੋਜ਼ਾਨਾ ਫਲ ਅਤੇ ਸਬਜੀਆਂ ਦੇ ਰੇਟ ਪਹੁੰਚਾ ਦਿੱਤੇ ਜਾਣਗੇ ਅਤੇ ਉਨ੍ਹਾਂ ਰੇਟਾਂ ਤੇ ਹੀ ਵਿਕਰੀ ਹੋਵੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਹਲਾਤ ਵਿਚ ਫਲ ਅਤੇ ਸਬਜੀਆ ਦਾ ਮਹੱਤਵ ਬਹੁਤ ਜ਼ਿਆਦਾ ਹੈ ਅਤੇ ਲੋਕਾਂ ਤੱਕ ਸਹੀ ਢੰਗ ਨਾਲ ਫਲ ਅਤੇ ਸਬਜ਼ੀਆ ਪਹੁੰਚਾਣ ਲਈ ਇਨ੍ਹਾਂ ਦੇ ਰੇਟ ਨਿਰਧਾਰਿਤ ਕੀਤੇ ਗਏ ਹਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ

ਪ੍ਰੈਸ ਨੋਟ

- **ਜ਼ਿਲ੍ਹਾ ਪ੍ਰਸ਼ਾਸਨ ਨੇ ਕੀਤੀ ਪਹਿਲਕਦਮੀ-ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੇ ਰਾਸ਼ਨ ਦੇ ਤਿਆਰ ਕਰਵਾਏ 8 ਹਜ਼ਾਰ ਪੈਕਟ**
- **ਜਿਨ੍ਹਾਂ ਜ਼ਰੂਰਤਮੰਦ ਗਰੀਬ ਲੋਕਾਂ ਦਾ ਕਰਫ਼ਿਊ ਕਾਰਨ ਰੋਜ਼ਗਾਰ ਜਾਂ ਕਮਾਈ ਦਾ ਸਾਧਨ ਖ਼ਤਮ ਹੋ ਗਿਆ ਹੈ, ਉਹ ਹੀ ਇਸ ਮੁਹਿੰਮ ਦਾ ਲਾਭ ਉਠਾਉਣ-ਡਿਪਟੀ ਕਮਿਸ਼ਨਰ**

ਫਿਰੋਜ਼ਪੁਰ 31 ਮਾਰਚ 2020

ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਕੋਵਿਡ-19 (ਕੋਰੋਨਾ ਵਾਇਰਸ) ਦੀ ਰੋਕਥਾਮ ਹਿੱਤ ਪੂਰੇ ਪੰਜਾਬ ਵਿੱਚ ਕਰਫ਼ਿਊ ਲਗਾਇਆ ਗਿਆ ਹੈ, ਜਿਸ ਦੌਰਾਨ ਲੋਕਾਂ ਦਾ ਘਰ ਤੋਂ ਬਾਹਰ ਨਿਕਲਣਾ ਵਰਜਿਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਜਿਵੇਂ ਕਿ ਰਿਕਸ਼ੇ ਵਾਲੇ, ਦਿਹਾੜੀਦਾਰ, ਮਜ਼ਦੂਰ ਆਦਿ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਆਪਣੀ ਰੋਜ਼ਮਰ੍ਹਾ ਦੀ ਕਮਾਈ ਤੋਂ ਚਲਾਉਂਦੇ ਹਨ ਉਨ੍ਹਾਂ ਨੂੰ ਹੁਣ ਕਰਫ਼ਿਊ ਕਾਰਨ ਬਹੁਤ ਸਾਰੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਗਰੀਬ ਲੋਕਾਂ ਦੀ ਮੁਸ਼ਕਲ ਨੂੰ ਦੇਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਵੱਲੋਂ ਪਹਿਲਕਦਮੀ ਕਰਦਿਆਂ ਇੱਕ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਹੈ, ਜਿਸ ਅਧੀਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਆਈਟਮਾਂ ਜਿਵੇਂ ਕਿ 10 ਕਿੱਲੋ ਆਟਾ, 2 ਕਿੱਲੋ ਦਾਲ, 2 ਕਿੱਲੋ ਖੰਡ, ਅੱਧਾ ਕਿੱਲੋ ਚਾਹ ਪੱਤੀ, 1 ਕਿੱਲੋ ਨਮਕ ਦਾ ਪੈਕਟ ਅਤੇ ਪਾਈਆਂ ਮਿਰਚਾਂ ਤੇ ਹਲਦੀ ਆਦਿ ਦੇ 8 ਹਜ਼ਾਰ ਪੈਕਟ ਤਿਆਰ ਕੀਤੇ ਗਏ ਹਨ, ਜਿਸ ਨਾਲ ਜ਼ਰੂਰਤਮੰਦ ਗਰੀਬ ਪਰਿਵਾਰਾਂ ਦੀ ਰੋਜ਼ਾਨਾ ਦੀ ਜ਼ਿੰਦਗੀ ਦਾ ਲਗਭਗ 10-15 ਦਿਨ ਦਾ ਗੁਜ਼ਾਰਾ ਵਧੀਆ ਚੱਲ ਸਕੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਬਹੁਤ ਸਾਰੇ ਅਜਿਹੇ ਇਲਾਕੇ ਹਨ, ਜਿੱਥੇ ਬਹੁਤ ਹੀ ਗਰੀਬ ਲੋਕ ਰਹਿੰਦੇ ਹਨ ਜਿਨ੍ਹਾਂ ਨੂੰ ਇਸ ਸਮੇਂ ਦੌਰਾਨ ਰਾਸ਼ਨ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਨਸੰਖਿਆ ਨੂੰ ਦੇਖਦਿਆਂ ਇਸ ਮੁਹਿੰਮ ਦੀ ਸ਼ੁਰੂਆਤ ਸ਼ਹਿਰੀ ਏਰੀਆ ਤੋਂ ਕੀਤੀ ਗਈ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਪਿੰਡਾਂ ਵਿੱਚ ਵੀ ਇਹ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਕੇਵਲ ਜ਼ਰੂਰਤਮੰਦ ਗਰੀਬ ਲੋਕਾਂ ਦੇ ਲਈ ਚਲਾਈ ਗਈ ਹੈ ਜਿਨ੍ਹਾਂ ਦਾ ਰੋਜ਼ਗਾਰ ਜਾਂ ਕਮਾਈ ਦਾ ਸਾਧਨ ਕਰਫ਼ਿਊ ਕਰਕੇ ਖ਼ਤਮ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਮੌਕੇ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਤੋਂ ਨਿਜਾਤ ਦਿਵਾਉਣ ਦੇ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਇਨ੍ਹਾਂ ਗਰੀਬ ਲੋਕਾਂ ਦੀ ਸਹਾਇਤਾ ਲਈ ਅੱਗੇ ਆਉਣ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਿਰੋਜ਼ਪੁਰ
ਪ੍ਰੈਸ ਨੋਟ ਨੰ: 4

- **ਡਿਪਟੀ ਕਮਿਸ਼ਨਰ ਨੇ ਚੀਨੀ ਦੀ ਬਲੈਕ ਮਾਰਕੀਟਿੰਗ/ਜਮਾਂਖੋਰੀ ਨੂੰ ਰੋਕਣ ਦੇ ਮੰਤਵ ਲਈ ਜ਼ਿਲ੍ਹਾ ਖ਼ੁਰਾਕ ਸਪਲਾਈਜ਼ ਕੰਟਰੋਲਰ ਨੂੰ ਦਿੱਤਾ ਅਧਿਕਾਰ**
- **ਕਿਹਾ, ਉਹ ਸ਼ੂਗਰ ਮਿੱਲਾਂ ਪਾਸੋਂ ਲੋੜ ਅਨੁਸਾਰ ਹੋਲਸੇਲਰਾਂ/ਰਿਟੇਲਰਾਂ ਨੂੰ ਚੀਨੀ ਉਪਲੱਬਧ ਕਰਵਾਉਣੀ ਯਕੀਨੀ ਬਣਾਉਣ**

ਫਿਰੋਜ਼ਪੁਰ 31 ਮਾਰਚ 2020

ਜ਼ਿਲ੍ਹਾ ਮੈਜਿਸਟ੍ਰੇਟ ਸ੍ਰ. ਕੁਲਵੰਤ ਸਿੰਘ ਨੇ ਕੋਵਿਡ-19 (ਕੋਰੋਨਾ) ਵਾਇਰਸ ਕਾਰਨ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਚੀਨੀ (ਖੰਡ) ਦੀ ਬਲੈਕ ਮਾਰਕੀਟਿੰਗ/ਜਮਾਂਖੋਰੀ ਨੂੰ ਰੋਕਣ ਦੇ ਮੰਤਵ ਲਈ ਜ਼ਿਲ੍ਹਾ ਖ਼ੁਰਾਕ ਸਪਲਾਈਜ਼ ਕੰਟਰੋਲਰ ਫਿਰੋਜ਼ਪੁਰ ਸ੍ਰੀ. ਪਿੰਦਰ ਸਿੰਘ ਨੂੰ ਅਧਿਕਾਰ (ਅਥਾਰਟੀ ) ਦਿੰਦਿਆਂ ਕਿਹਾ ਕਿ ਉਹ ਸ਼ੂਗਰਫੈਡ ਅਧੀਨ ਆਉਂਦੀਆਂ ਸ਼ੂਗਰ ਮਿੱਲਾਂ ਪਾਸੋਂ ਲੋੜ ਅਨੁਸਾਰ ਹੋਲਸੇਲਰਾਂ/ਰਿਟੇਲਰਾਂ ਨੂੰ ਚੀਨੀ ਉਪਲੱਬਧ ਕਰਵਾਉਣੀ ਯਕੀਨੀ ਬਣਾਉਣ ਤਾਂ ਜੋ ਜ਼ਿਲ੍ਹੇ ਦੇ ਵਸਨੀਕਾਂ ਨੂੰ ਉੱਚਿਤ ਰੇਟ ਤੇ ਚੀਨੀ ਮੁਹੱਈਆ ਹੋ ਸਕੇ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਉਹ ਹੋਲਸੇਲਰਾਂ/ਰਿਟੇਲਰਾਂ ਨੂੰ ਸ਼ੂਗਰਫੈਡ ਅਧੀਨ ਆਉਂਦੀਆਂ ਚੀਨੀ ਦੀਆਂ ਮਿੱਲਾਂ ਤੋਂ ਚੀਨੀ ਪ੍ਰਾਪਤ ਕਰਨ ਦੀ ਸਿਫ਼ਾਰਸ਼ ਕਰਨ ਤੋਂ ਪਹਿਲਾਂ ਸਬੰਧਿਤ ਹੋਲਸੇਲਰ/ਰਿਟੇਲਰ ਦੇ ਚੀਨੀ ਦੀ ਵਿਕਰੀ ਸਬੰਧੀ ਰਿਕਾਰਡ ਦੀ ਘੋਖ ਪੜਤਾਲ ਵੀ ਕਰਨਗੇ।